**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

**ਵੱਲ**

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ),
2. ਰਾਜ ਦੇ ਸਕੂਲ ਮੁੱਖੀ (ਵੈਬ ਸਾਈਟ ਰਾਹੀਂ)

ਮੀਮੋ ਨੰ : 1/2-ICT-2010/GEN/53849-868
ਮਿਤੀ : 3 ਸਤੰਬਰ, 2010

**ਵਿਸ਼ਾ** **ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਵਿੱਚ ਪੜ੍ਹਣ ਵਾਲੇ ਵਿਦਿਆਰਥੀਆਂ ਲਈ ਡਿਪਲੋਮਾ ਇਨ ਆਈ.ਟੀ. ਦਾ ਸਰਟੀਫਿਕੇਟ ਅਵਾਰਡ ਕਰਨ ਬਾਰੇ ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਇਸ ਸਮੇਂ ਪੰਜਾਬ ਰਾਜ ਦੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਵਿੱਚ ਪੜ੍ਹਨ ਵਾਲੇ ਗਿਆਰਵੀਂ ਅਤੇ ਬਾਰ੍ਹਵੀਂ ਕਲਾਸਾਂ ਦੇ ਵਿਦਿਆਰਥੀਆਂ ਦਾ ਪੱਧਰ ਇੱਕੋ ਜਿਹਾ ਨਹੀਂ ਹੈ । ਕਈ ਹੁਸ਼ਿਆਰ ਵਿਦਿਆਰਥੀ ਆਪਣੀ ਉਚੇਰੀ ਸਿੱਖਿਆ ਲਈ ਇੰਜੀਨੀਅਰਿੰਗ, ਮੈਡੀਕਲ ਜਾਂ ਇਹੋ ਜਿਹੇ ਹੋਰ ਕੋਰਸਾਂ ਲਈ ਚਲੇ ਜਾਂਦੇ ਹਨ ਪਰੰਤੂ ਔਸਤ ਦਰਜ਼ੇ ਦੇ ਵਿਦਿਆਰਥੀਆਂ ਲਈ ਬਾਅਦ ਵਿੱਚ ਕਾਫੀ ਦਿੱਕਤਾਂ ਪੇਸ਼ ਆਉਂਦੀਆਂ ਹਨ । ਇਹੋ ਜਿਹੇ ਵਿਦਿਆਰਥੀ ਆਪਣੀ ਗਰੈਜੂਏਸ਼ਨ ਪੂਰੀ ਕਰਨ ਤੋਂ ਬਾਅਦ ਨੌਕਰੀ ਲਈ ਜਾਂਦੇ ਹਨ ਤਾਂ ਉਨ੍ਹਾਂ ਵੱਲੋਂ ਕੋਈ ਵਿਸ਼ੇਸ਼ ਸਕਿਲ ਹਾਸਿਲ ਕੀਤੀ ਹੋਈ ਨਹੀਂ ਹੁੰਦੀ ਹੈ । ਇਹ ਮਾਮਲਾ ਸਰਕਾਰ ਵੱਲੋਂ ਘੋਖਿਆ ਗਿਆ ਹੈ ਅਤੇ ਮਹਿਸੂਸ ਕੀਤਾ ਗਿਆ ਹੈ ਕਿ ਪੰਜਾਬ ਰਾਜ ਦੇ ਬਹੁਤ ਸਕੂਲਾਂ ਵਿੱਚ ਕੰਪਿਊਟਰ ਲੈਬ ਮੌਜੂਦ ਹਨ ਅਤੇ ਕੰਪਿਊਟਰ ਅਧਿਆਪਕ ਭਰਤੀਂ ਕੀਤੇ ਗਏ ਹਨ । ਇਸ ਇਨਫਰਾਸਟਰਕਚਰ ਦੀ ਠੀਕ ਤਰੀਕੇ ਨਾਲ ਵਰਤੋਂ ਕੀਤੀ ਜਾਣੀ ਬਹੁਤ ਜ਼ਰੂਰੀ ਹੈ । ਇਸ ਸਬੰਧ ਵਿੱਚ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ ਕਿ ਗਿਆਰਵੀਂ ਅਤੇ ਬਾਰ੍ਹਵੀਂ ਕਲਾਸ ਵਿੱਚ ਪੜ੍ਹਨ ਵਾਲੇ ਵਿਦਿਆਰਥੀ ਜੋ ਕਿ ਸੰਚਾਰ ਤਕਨੋਲੋਜੀ ਦਾ ਡਿਪਲੋਮਾ ਲੈਣ ਦੇ

ਇੱਛੁਕ ਹੋਣ, ਉਹ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਦੇ ਵਿੱਚ ਪੰਜਾਬ ਆਈ.ਸੀ.ਟੀ. ਸਿੱਖਿਆ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਕੰਪਿਊਟਰ ਸਿੱਖਿਆ ਦੇ ਵਿਸ਼ੇ ਦੇ ਨਾਲ ਨਾਲ ਹੀ ਇਹ ਡਿਪਲੋਮਾ ਵੀ ਪ੍ਰਾਪਤ ਕਰ ਸਕਦੇ ਹਨ ।

3.0 ਇਹ ਸਹੂਲਤ ਸਾਲ 2010-11 ਦੇ ਅਕਾਦਮਿਕ ਸਾਲ ਤੋਂ ਉੱਪਲਬਧ ਹੋਵੇਗੀ । ਡਿਪਲੋਮਾ ਇਨ ਆਈ.ਟੀ. ਦਾ ਸਿਲੇਬਸ ਇਸ ਪੱਤਰ ਦੇ ਨਾਲ ਨੱਥੀ ਕੀਤਾ ਜਾਂਦਾ ਹੈ ਅਤੇ ਇਸ ਨੂੰ ਵਿਭਾਗ ਦੀ ਵੈੱਬ ਸਾਈਟ ਤੇ ਵੀ ਪਾ ਦਿੱਤਾ ਗਿਆ ਹੈ । ਡਿਪਲੋਮਾ ਇਨ ਆਈ.ਟੀ. ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਤੋਂ ਇਸ ਛੇ ਮਹੀਨੇ ਦੇ ਕੋਰਸ ਲਈ 1,000/-ਰੁਪਏ ਦੇ ਹਿਸਾਬ ਨਾਲ ਫੀਸ ਲਈ ਜਾਵੇਗੀ । ਇਹ ਕੋਰਸ ਖਤਮ ਹੋਣ ਤੋਂ ਬਾਅਦ ਪੰਜਾਬ ਆਈ.ਸੀ.ਟੀ. ਸਿੱਖਿਆ ਸੋਸਾਇਟੀ ਵੱਲੋਂ ਇਕ ਪ੍ਰੀਖਿਆ ਕਰਵਾਈ ਜਾਵੇਗੀ ਅਤੇ ਇਸ ਪ੍ਰੀਖਿਆ ਵਿੱਚ ਪਾਸ ਹੋਣ ਵਾਲੇ ਉਮੀਦਵਾਰਾਂ ਨੂੰ ਹੀ ਇਹ ਡਿਪਲੋਮਾ ਸਰਟੀਫਿਕੇਟ ਦਿੱਤਾ ਜਾਵੇਗਾ । ਇਹ ਕੋਰਸ ਸਕੂਲ ਦੀ ਲੈਬ ਵਿੱਚ ਹੀ ਸਕੂਲ ਦੇ ਸਮੇਂ ਤੋਂ ਬਾਅਦ ਵਿਭਾਗ ਵੱਲੋਂ ਜਾਰੀ ਕੀਤੀਆ ਹਦਾਇਤਾਂ ਅਨੁਸਾਰ ਚਲਾਇਆ ਜਾਵੇਗਾ । ਜੋ ਕੰਪਿਊਟਰ ਅਧਿਆਪਕ ਇਸ ਕੋਰਸ ਦੀ ਪੜ੍ਹਾਈ ਕਰਵਾਉਣਗੇ, ਉਨ੍ਹਾਂ ਨੂੰ ਲੋੜੀਂਦਾ ਮਾਨ ਭੱਤਾ ਵੀ ਦਿੱਤਾ ਜਾਵੇਗਾ । ਇਹ ਕੋਰਸ 02.8.2010 ਤੋਂ 02.02.2011 ਤੀਕ ਪੰਜਾਬ ਰਾਜ ਦੇ ਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਉਪਲਬਧ ਹੋਵੇਗਾ ।

4.0 ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ ਅਤੇ ਸਕੂਲ ਮੁੱਖੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਸਰਕਾਰ ਵੱਲੋਂ ਲਏ ਗਏ ਇਸ ਫੈਸਲੇ ਦੀ ਜਾਣਕਾਰੀ ਗਿਆਰਵੀਂ ਅਤੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਮੁਹੱਈਆਂ ਕਰਵਾਉਣ ।

5.0 ਇਹ ਪੱਤਰ ਸਰਕਾਰ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ,
ਪੰਜਾਬ